# ਪ੍ਰੈੱਸ ਨੋਟ

ਸ੍ਰੀ ਮੁਕਤਸਰ ਸਾਹਿਬ ਪੁਲਿਸ ਵੱਲੋਂ ਗੋਨਿਆਣਾ ਰੋਡ ਸ੍ਰੀ ਮੁਕਤਸਰ ਸਾਹਿਬ ਵਿਖੇ ਨਸ਼ਿਆਂ ਵਿਰੁੱਧ ਲਗਾਇਆ ਜਾਗਰੂਕਤਾ ਸੈਮੀਨਾਰ।

ਸ੍ਰੀ ਮੁਕਤਸਰ ਸਾਹਿਬ ( ) ਸ. ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਅਤੇ ਸ੍ਰੀ ਗੌਰਵ ਯਾਦਵ ਡੀ.ਜੀ.ਪੀ ਪੰਜਾਬ ਵੱਲੋਂ ਸੂਬਾ ਅੰਦਰ ਨਸ਼ਿਆਂ ਖਿਲਾਫ ਵਿਡੀ ਗਈ ਮਹਿਮ ਤਹਿਤ ਸ੍ਰੀ ਭਾਗੀਰਥ ਸਿੰਘ ਮੀਨਾ ਆਈ.ਪੀ.ਐਸ ਐਸ.ਐਸ.ਪੀ ਸ੍ਰੀ ਮੁਕਤਸਰ ਸਾਹਿਬ ਵੱਲੋਂ ਪੁਲਿਸ ਦੀਆਂ ਅਲੱਗ ਅਲੱਗ ਤੁਕੜੀਆਂ ਬਣਾ ਕੇ ਲੋਕਾਂ ਨੂੰ ਪਿੰਡਾਂ/ਸ਼ਹਿਰਾਂ ਅੰਦਰ ਜਾ ਕੇ ਜਿੱਥੇ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਦੱਸਿਆ ਜਾ ਰਿਹਾ ਹੈ ਉੱਥੇ ਹੀ ਲੋਕਾਂ ਨਾਲ ਸਿੱਧਾ ਰਾਬਤਾ ਬਣਾਉਂਦਿਆਂ, ਉਹਨਾਂ ਨਾਲ ਗੱਲਬਾਤ ਕਰ ਉਨਾਂ ਦੀਆਂ ਮੁਸ਼ਕਲਾਂ ਨੂੰ ਸੁਣ ਕੇ ਮੌਕੇ ਪਰ ਹੀ ਹੱਲ ਕੀਤਾ ਜਾ ਰਿਹਾ ਹੈ। ਇਸੇ ਤਹਿਤ ਹੀ ਅੱਜ ਸ੍ਰੀ ਸੰਜੀਵ ਗੋਇਲ ਡੀ.ਐਸ.ਪੀ. (ਨਾਰਕੋਟਿਕਸ) ਅਤੇ ਐਸ.ਆਈ ਵਰੁਣ ਮੁੱਖ ਅਫਸਰ ਥਾਣਾ ਸਿਟੀ ਸ੍ਰੀ ਮੁਕਤਸਰ ਸਾਹਿਬ ਵੱਲੋਂ ਗੋਨਿਆਣਾ ਰੋਡ ਵਾਰਡ ਨੰਬਰ 15 ਸ੍ਰੀ ਮੁਕਤਸਰ ਸਾਹਿਬ ਵਿਖੇ ਸੈਮੀਨਾਰ ਲਗਾਇਆ ਗਿਆ। ਇਸ ਸੈਮੀਨਾਰ ਵਿੱਚ ਮਹਿਲਾ ਕੌਸਲਰ ਬੀਬੀ ਮਨਜੀਤ ਕੌਰ ਪਾਸ਼ਾ, ਪਰਮਿੰਦਰ ਸਿੰਘ ਪਾਸ਼ਾ ਅਤੇ ਪਿਆਰਾ ਸਿੰਘ ਸਮੇਤ ਵਾਰਡ ਦੇ ਸਮੂਹ ਮੋਹਿਤਵਾਰ ਵਿਅਕਤੀ ਹਾਜ਼ਰ ਸਨ।

ਇਸ ਮੌਕੇ ਸ੍ਰੀ ਸੰਜੀਵ ਗੋਇਲ ਡੀ.ਐਸ.ਪੀ ਨੇ ਜਾਣਕਾਰੀ ਦਿੰਦੇ ਦੱਸਿਆ ਕਿ ਸ੍ਰੀ ਮੁਕਤਸਰ ਸਾਹਿਬ ਪੁਲਿਸ ਵੱਲੋਂ ਨਸ਼ਿਆਂ ਖਿਲਾਫ ਜੰਗ ਉਸੇ ਤਰ੍ਹਾਂ ਹੀ ਜਾਰੀ ਰਹੇਗੀ, ਕਿਸੇ ਨਸ਼ਾ ਤਸਕਰ ਨੂੰ ਬਖਸ਼ਿਆ ਨਹੀਂ ਜਾਵੇਗਾ। ਉਹਨਾਂ ਲੋਕਾਂ ਨੂੰ ਕਿਹਾ ਕਿ ਅਸੀਂ ਅਤੇ ਸਾਰੀ ਪੁਲਿਸ ਫੋਰਸ ਤੁਹਾਡੇ ਪਰਿਵਾਰ ਦੇ ਮੈਂਬਰ ਦੀ ਤਰ੍ਹਾਂ ਹੀ ਹਨ। ਜੋ ਨਸ਼ੇ ਦੀ ਜੰਗ ਪੰਜਾਬ ਸਰਕਾਰ,ਡੀ.ਜੀ.ਪੀ ਵੱਲੋਂ ਚਲਾਈ ਹੈ ਕਿ ਪੰਜਾਬ ਦੀ ਨੌਜਵਾਨ ਪੀੜੀ ਨੂੰ ਨਸ਼ਿਆਂ ਤੋਂ ਦੂਰ ਕਰਕੇ ਖੇਡਾਂ ਵੱਲ ਉਤਸ਼ਾਹਿਤ ਕਰਨਾ ਹੈ ਅਤੇ ਪੰਜਾਬ ਨੂੰ ਨਸ਼ਾ ਮੁਕਤ ਬਣਾਉਣਾ ਹੈ। ਉਹਨਾਂ ਕਿਹਾ ਕਿ ਨਸ਼ਿਆਂ ਖਿਲਾਫ ਪੁਲਿਸ ਨੂੰ ਲੋਕਾਂ ਦੇ ਸਹਿਯੋਗ ਦੀ ਹਮੇਸ਼ਾ ਜਰੂਰਤ ਹੈ। ਲੋਕਾਂ ਦੇ ਸਾਥ ਨਾਲ ਹੀ ਆਪਾ ਇਸ ਨਸ਼ਿਆਂ ਨੂੰ ਖਤਮ ਕਰ ਸਕਦੇ ਹਾਂ। ਇਸ ਲਈ ਆਪਾ ਨੂੰ ਇੱਕ ਪਰਿਵਾਰ ਦੀ ਤਰ੍ਹਾਂ ਇੱਕ ਜੁਟ ਹੋ ਕੇ ਇਸ ਨਸ਼ਿਆਂ ਖਿਲਾਫ ਖੜੀਏ। ਉਹਨਾ ਦੱਸਿਆ ਕੀ ਨਸ਼ਾ ਵੇਚਣ ਵਾਲਿਆਂ ਖਿਲਾਫ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਉਹਨਾ ਕਿਹਾ ਕਿ ਜੇਕਰ ਤੁਸੀ ਸਾਡੇ ਨਾਲ ਕੋਈ ਜਾਣਕਾਰੀ ਸਾਂਝੀ ਕਰਨਾ ਚਾਹੁਦੇ ਹੋ ਤਾਂ ਸਾਡੇ ਹੈਲਪ ਲਾਇਨ 80549-42100 ਤੇ ਫੋਨ ਕਾਲ ਰਾਹੀ ਜਾਂ ਮੈਸਿਜ ਰਾਹੀ ਲਿੱਖ ਕੇ ਦੇ ਸਕਦੇ ਹੋ ਜਾਣਕਾਰੀ ਦੇਣ ਵਾਲੇ ਦਾ ਨਾਮ ਗੁਪਤ ਰੱਖਿਆ ਜਾਵੇਗਾ।